# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23 -10-2024**

- ਸੁਪ੍ਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂਵੱਲੋਂ ਪਰਾਲੀ ਸਾੜਨ ਵਾਲੇ ਲੋਕਾਂ ਵਿਰੁੱਧ ਕੋਈ ਕਾਰਵਾਈ ਨਾ ਕਰਨ ਦਾ ਸਖ਼ਤ ਨੋਟਿਸ ਲਿਆ ਏ।
- ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਝੋਨੇ ਦੀ ਪਰਾਲੀ ਖੇਤਾਂ ਵਿਚ ਰਲਾਉਣ ਦੀ ਕੀਤੀ ਅਪੀਲ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੁੜੀਆਂ ਦੀ ਮਿਆਰੀ ਸਿੱਖਿਆ ਅਤੇ ਸੁਰੱਖਿਆ ’ਤੇ ਜ਼ੋਰ ਦਿੱਤਾ ਏ.
- ਫਰੀਦਕੋਟ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਲਕੇ 24 ਅਕਤੂਬਰ ਤੋਂ 7 ਨਵੰਬਰ ਤੱਕ ਸਵੱਛਤਾ ਦੀ ਲਹਿਰ ਤਹਿਤ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਮੁਹਿੰਮ ਚਲਾਈ ਜਾਏਗੀ ।
- ਦੇਸ਼ ਵਿੱਚ ਮੌਸਮ ਦੀ ਪੇਸ਼ੀਨਗੋਈ ਹੁਣ ਗ੍ਰਾਮ ਪੰਚਾਇਤ ਪੱਧਰ 'ਤੇ ਉਪਲਬਧ ਹੋਵੇਗੀ।

---------------------------------------------------------

ਸੁਪਰੀਮ ਕੋਰਟ ਨੇ ਅੱਜ ਕਿਹਾ ਏ ਕਿ ਪਰਾਲੀ ਸਾੜਨ ਲਈ ਜੁਰਮਾਨੇ ਸਬੰਧੀ, ਹਵਾ ਦੀ ਗੁਣਵਤਾ ਦੇ ਪ੍ਰਬੰਧ ਬਾਰੇ (CAQM) ਕਾਨੂੰਨ ਦੀਆਂ ਧਾਰਾਵਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਏ । ਸੁਪਰੀਮ ਕੋਰਟ ਨੇ ਅੱਗੇ ਕਿਹਾ ਕਿ ਇਸ ਕਾਨੂੰਨ ਨੂੰ, ਹਵਾ ਦੇ ਪ੍ਰਦੂਸ਼ਣ ਨੂੰ ਕਾਬੂ ਕਰਣ ਲਈ ਲੋੜੀਂਦੀ ਮਸ਼ੀਨਰੀ ਬਣਾਏ ਬਿਨਾਂ ਹੀ ਲਾਗੂ ਕੀਤਾ ਗਿਆ ਸੀ ।ਕੇਂਦਰ ਦੀ ਨੁਮਾਇੰਦਗੀ ਕਰ ਰਹੇ ਐਡੀਸ਼ਨਲ ਸਾਲਿਸਟਰ ਜਨਰਲ (ASG) ਐਸ਼ਵਰਿਆ ਭਾਟੀ ਨੇ ਅਦਾਲਤ ਨੂੰ ਭਰੋਸਾ ਦਿਵਾਇਆ ਕਿ ਨੇਮਾਂ ਨੂੰ 10 ਦਿਨਾਂ ਅੰਦਰ, ਅੰਤਮ ਰੂਪ ਦਿੱਤਾ ਜਾਵੇਗਾ ਅਤੇ ਇਸ ਕਾਨੂੰਨ ਨੂੰ ਪੂਰੀ ਤਰ੍ਹਾਂ ਚਾਲੂ ਕਰ ਦਿੱਤਾ ਜਾਵੇਗਾ । ਸੁਪ੍ਰੀਮ

ਕੋਰਟ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਵੱਲੋਂ ਪਰਾਲੀ ਸਾੜਨ ਵਾਲੇ ਲੋਕਾਂ ਵਿਰੁੱਧ ਕੋਈ ਕਾਰਵਾਈ ਨਾ ਕਰਨ ਦਾ ਵੀ ਸਖ਼ਤ ਨੋਟਿਸ ਲਿਆ ਏ । ਇਸਨੇ ਕਿਹਾ ਏ ਕਿ ਜੇਕਰ ਸਰਕਾਰਾਂ ਸੱਚਮੁੱਚ ਹੀ ਕਾਨੂੰਨ ਨੂੰ ਲਾਗੂ ਕਰਨ ਵਿੱਚ ਦਿਲਚਸਪੀ ਰੱਖਦੀਆਂ ਤਾਂ ਘੱਟੋ-ਘੱਟ ਇੱਕ ਮੁਕੱਦਮਾ ਜ਼ਰੂਰ ਚੱਲਦਾ।

ADDITIONAL ਸਾਲਿਸਟਰ ਜਨਰਲ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੋਵਾਂ ਦੇ ਚੁਗਿਰਦੇ ਬਾਰੇ ਸਕੱਤਰ ਅਤੇ ਖੇਤੀਬਾੜੀ ਬਾਰੇ ਵਧੀਕ ਮੁੱਖ ਸਕੱਤਰ ਨੂੰ ਕਾਰਨ ਦੱਸੋ ਨੋਟਿਸ ਭੇਜੇ ਗਏ ਨੇ . ਸੁਪਰੀਮ ਕੋਰਟ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ ਦੱਸਿਆ ਕਿ ਉਲੰਘਣਾ ਕਰਨ ਵਾਲਿਆਂ ਦੀ ਕਰੀਬ 1 ਹਜ਼ਾਰ 80 FIR’s ਦਰਜ ਕੀਤੀਆਂ ਗਈਆਂ ਸਨ ਪਰ ਰਾਜ ਨੇ ਸਿਰਫ 473 ਲੋਕਾਂ ‘ਤੇ ਮਾਮੂਲੀ ਜੁਰਮਾਨਾ ਲਾਇਆ ਏ.

------------------------------------------------------------

ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਝੋਨੇ ਦੀ ਪਰਾਲੀ ਖੇਤਾਂ ਵਿਚ ਰਲਾਉਣ ਲਈ ਕਿਹਾ ਏ। ਮੁੱਖ ਖੇਤਬਾੜੀ ਅਫਸਰ ਡਾ. ਗੁਰਮੇਲ ਸਿੰਘ ਨੇ ਖੇਤਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆ ਦੀ ਹਾਜ਼ਰੀ ਵਿੱਚ ਜ਼ਿਲ੍ਹੇ ਦੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਖੇਤਾਂ ਵਿੱਚ ਗਾਲਣ ਲਈ ਪੂਸਾ ਬਾਇਓ ਡੀ-ਕੰਪੋਜ਼ਰ ਦੀ ਵੰਡ ਸ਼ੂਰੁ ਕਰਵਾਈ। ਇਹ ਡੀ-ਕੰਪੋਜ਼ਰ ਖੇਤਬਾੜੀ ਵਿਭਾਗ ਵਾਲੋ ਬਿਨਾਂ ਕਿਸੇ ਕੀਮਤ ਤੋਂ ਕਿਸਾਨਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਨੇ . ਉਨ੍ਹਾਂ ਨੇ ਕਿਹਾ ਕਿ ਵੱਧ ਤੋ ਵੱਧ ਕਿਸਾਨ ਇਸ ਦੀ ਵਰਤੋਂ ਕਰਨ ਜਿਸ ਨਾਲ ਝੋਨੇ

ਦੀ ਪਰਾਲੀ ਬਹੁਤ ਜਲਦੀ ਗਲ ਕੇ ਖਾਦ ਬਣ ਜਾਂਦੀ ਏ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਵੱਧਦੀ ਏ । ਵਿਭਾਗ ਵੱਲੋ ਪਿੰਡਾਂ ਵਿਚ ਉਪਲੱਬਧ ਇਨ ਸਿਟੂ ਅਤੇ ਐਕਸ ਸਿਟੂ ਮਸ਼ੀਨਾਂ ਦੀ ਸੂਚੀ ਕੋਆਪਰੇਟਿਵ ਸੋਸਾਇਟੀਜ਼ ਅਤੇ ਜਨਤਕ ਥਾਂਵਾਂ ਤੇ ਚਿਸਪਾ ਕਰ ਦਿੱਤੀ ਏ ਜਿਸ ਨਾਲ ਲੋੜਵੰਦ ਕਿਸਾਨਾ ਨੂੰ ਵਰਤਣ ਲਈ ਮਸ਼ੀਨ ਲੈਣ ਵਿਚ ਆਸਾਨੀ ਹੋਵਗੀ। ਹਿੰਦੂਸਥਾਨ ਸਮਾਚਾਰ / ਦਵਿੰਦਰ ਸਿੰਘ

-----------------------------------------------------

ਇਸ ਦੌਰਾਨ ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ, ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਅਤੇ ਇਸਨੂੰ ਖੇਤਾਂ ਵਿੱਚ ਹੀ ਰਲਾਉਣ ਤੇ ਨਾਲ ਹਿ ਇਸਦੇ ਸੁਚੱਜੇ ਨਿਪਟਾਰੇ ਦੀ ਲਗਾਤਾਰ ਅਪੀਲ ਕੀਤੀ ਜਾ ਰਹੀ ਏ। ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਟਿਆਲਾ ਦੇ ਕਿਸਾਨਾਂ ਨੂੰ ਪਰਾਲੀ ਦੇ ਨਿਪਟਾਰੇ ਲਈ ਲੋੜੀਂਦੀ ਮਸ਼ੀਨਰੀ ਉਪਲਬੱਧ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਵਾਇਤੀ ਅਤੇ ਅਤਿ – ਆਧੁਨਿਕ ਤਕਨੀਕਾਂ ਦੀ ਵੀ ਵਰਤੋਂ ਕੀਤੀ ਜਾ ਰਹੀ

ਏ, ਜਿਸ ਤਹਿਤ ਕਿਸਾਨਾਂ ਤੱਕ ਪਹੁੰਚ ਬਣਾਉਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੰਟਰੋਲ ਰੂਮ ਕਾਇਮ ਕੀਤਾ ਗਿਆ ਏ. ਇਸ ਕੰਟ੍ਰੋਲ room ਤੋਂ ਕਿਸਾਨਾਂ ਨੂੰ 'ਉੱਨਤ ਕਿਸਾਨ' ਐਪ ਸਬੰਧੀ ਜਾਣਕਾਰੀ ਦੇਣ ਸਮੇਤ ਪਰਾਲੀ ਦਾ ਨਿਪਟਾਰਾ ਕਰਨ ਵਾਲੀ ਮਸ਼ੀਨਰੀ ਦੀ ਵੀ ਬੁਕਿੰਗ ਕੀਤੀ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਕਿਸਾਨ ਪਰਾਲੀ ਦੇ ਨਿਪਟਾਰੇ ਸਬੰਧੀ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਲਈ ਕੰਟਰੋਲ ਰੂਮ ਦੇ ਨੰਬਰ 01-75-23-50-550 'ਤੇ ਸੰਪਰਕ ਕਰ ਸਕਦੇ ਨੇ. ਉਧਰ ਦੂਜੇ ਪਾਸੇ ਸੂਬੇ ਦੇ ਵੱਖ-ਵੱਖ ਕਿਸਾਨ, ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਇਸਦਾ ਬਿਹਤਰ ਨਿਪਟਾਰਾ ਕਰ ਕੇ ਹੋਰਨਾਂ ਕਿਸਾਨਾਂ ਲਈ ਰਾਹ ਦਸੇਰੇ ਵੀ ਬਣ ਰਹੇ ਨੇ। ਇਹਨਾਂ ਕਿਸਾਨਾਂ ਨੇ ਪਰਾਲੀ ਦੇ ਸੁਚੱਜੇ ਨਿਪਟਾਰੇ ਦੇ ਆਪਣੇ ਢੰਗ – ਤਰੀਕੇ ਵੀ ਸਾਂਝੇ ਕੀਤੇ ਤੇ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਨਾ ਲਾਉਣ ਲਈ ਕਿਹਾ - BYTE

----------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੁੜੀਆਂ ਦੀ

ਮਿਆਰੀ ਸਿੱਖਿਆ ਅਤੇ ਸੁਰੱਖਿਆ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਨੂੰ ਸਭ ਨੂੰ ਰਲ ਕੇ ਅਜਿਹਾ ਮਾਹੌਲ ਸਿਰਜਣਾ ਚਾਹੀਦਾ ਏ ਕਿ ਸਾਰੀਆਂ ਔਰਤਾਂ, ਸਮਾਜਿਕ, ਆਰਥਿਕ, ਸੱਭਿਆਚਾਰਕ ਅਤੇ ਰਾਜਨੀਤਿਕ ਖੇਤਰ ਵਿੱਚ ਪੂਰੀ ਤਰ੍ਹਾਂ ਫਾਇਦਾ ਲੈ ਸਕਣ ਅਤੇ ਆਪਣਾ ਯੋਗਦਾਨ ਦੇ ਸਕਣ। ਜਲੰਧਰ ਦੇ ਪ੍ਰੇਮ ਚੰਦ ਮਾਰਕੰਡਾ ਐਸ.ਡੀ. ਕਾਲਜ ਫਾਰ ਵੂਮੈਨ ਦੇ ਗੋਲਡਨ ਜੁਬਲੀ ਸਮਾਰੋਹ ਵਿੱਚ ਸੰਬੋਧਨ ਕਰਦਿਆਂ,ਰਾਜਪਾਲ ਨੇ ਕਿਹਾ ਕਿ ਕੁੜੀਆਂ ਸਮਾਜ ਦੀ ਨੀਂਹ ਨੇ, ਜਿਨ੍ਹਾਂ ਨੂੰ ਪੜ੍ਹਾਉਣ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਉਡਾਨ ਦੇਣ ਦੀ ਲੋੜ ਏ। ਉਨ੍ਹਾਂ ਕਿਹਾ ਕਿ ਕੁੜੀਆਂ ਵਿੱਚ ਬੇਸ਼ੁਮਾਰ ਸਮਰੱਥਾ ਏ ਅਤੇ ਜੇਕਰ ਉਨ੍ਹਾਂ ਨੂੰ ਸਹੀ ਦਿਸ਼ਾ ਦਿੱਤੀ ਜਾਵੇ ਤਾਂ ਉਹ ਕਿਸੇ ਵੀ ਮੁਕਾਮ ’ਤੇ ਪਹੁੰਚ ਸਕਦੀਆਂ ਨੇ . ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੇ ਇਤਿਹਾਸ’ਚ ਔਰਤਾਂ ਦੇ ਯੋਗਦਾਨ ਦੀਆਂ ਕਿੰਨੀਆਂ ਹੀ ਮਿਸਾਲਾਂ ਨੇ ਅਤੇ ਆਧੁਨਿਕ ਭਾਰਤ ਵਿੱਚ ਵੀ ਔਰਤਾਂ, ਮਰਦਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਨੇ

ਉਨ੍ਹਾਂ ਕਿਹਾ ਕਿ ਰਾਜਨੀਤੀ, ਫੌਜ, ਪੁਲਿਸ, ਖੇਡਾਂ, ਕਲਾ ਸਮੇਤ ਅਜਿਹਾ ਕੋਈ ਖੇਤਰ ਨਹੀਂ ਏ, ਜਿਥੇ ਔਰਤਾਂ ਨੇ ਆਪਣੀ ਕਾਬਲੀਅਤ ਦਾ ਲੋਹਾ ਨਾ ਮੰਨਵਾਇਆ ਹੋਵੇ। ਸ਼੍ਰੀ ਕਟਾਰੀਆ ਨੇ ਕਿਹਾ ਕਿ ਇਕ ਸਿਹਤਮੰਦ, ਮਜ਼ਬੂਤ ਅਤੇ ਵਿਕਸਿਤ ਸਮਾਜ ਲਈ ਸਾਨੂੰ ਸਾਰਿਆਂ ਨੂੰ ਔਰਤਾਂ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਆਪੋ-ਆਪਣਾ ਯੋਗਦਾਨ ਪਾਉਣਾ ਚਾਹੀਦਾ ਏ ।

---

NIT ਜਲੰਧਰ ਦੇ ਡਾਇਰੈਕਟਰ ਪ੍ਰੋਫੈਸਰਬਿਨੋਦ ਕੁਮਾਰ ਕਨੋਜੀਆ ਨੇ ਅੱਜਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ (NIT) ਸ਼੍ਰੀ ਨਗਰ (ਜੰਮੂ ਅਤੇ ਕਸ਼ਮੀਰ) ਦੇ ਡਾਇਰੈਕਟਰ ਦਾ ਵਾਦੂ ਚਾਰਜ ਸੰਭਾਲਿਆ ਏ NIT ਸ਼੍ਰੀਨਗਰ ਨੂ1960 ਵਿੱਚ ਸਥਾਪਿਤ ਕੀਤਾ ਗਿਆ ਸੀ । ਇਹ ਉੱਤਰੀ ਖੇਤਰ ਦੀ ਇੱਕ ਮਹੱਤਵਪੂਰਨ ਸੰਸਥਾ ਹੈ ਅਤੇ ਵਿਦਿਆਰਥੀਆਂ ਦੀ ਵਿਦਿਅਕ ਯਾਤਰਾ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿ ਭਾਉਂਦੀ ਹੈ।

---------------------------------------------------------------

ਭਾਰਤੀ ਫੌਜ ਵੱਲੋਂ ਜਲੰਧਰ ਦੇ DAV ਇੰਸਟੀਚਿਊਟ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਵਿਖੇ 600 NCC ਕੈਡਿਟਾਂ ਅਤੇ ਵਿਦਿਆਰਥੀਆਂ ਲਈ ਆਧੁਨਿਕ ਹਥਿਆਰਾਂ ਦੀ ਨੁਮਾਇਸ਼ ਲਈ ਗਈ । ਕੈਡਿਟਾਂ ਦਾ ਹੌਸਲਾ ਵਧਾਉਣ ਲਈ ਮੇਜਰ ਜਨਰਲ, ਵਜਰਾ ਕੋਰ- ਅਤੁਲ ਭਦੋਰੀਆ, ਗਰੁੱਪ ਕਮਾਂਡਰ-ਐੱਨ.ਸੀ.ਸੀ. –ਜਲੰਧਰ, ਬ੍ਰਿਗੇਡੀਅਰ ਅਜੇ ਤਿਵਾੜੀ ਅਤੇ ਗਰੁੱਪ ਦੇ ਹੋਰ ਕਮਾਂਡਿੰਗ ਅਫਸਰ ਅਤੇ ਫੌਜ ਦੇ ਅਧਿਕਾਰੀ ਵੀ ਮੌਜੂਦ ਸਨ । ਜਨਰਲ ਅਤੁਲ ਭਦੋਰੀਆ ਨੇ ਵੀ ਕੈਡਿਟਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਵਿਚਾਰ ਜਾਣੇ। ਉਨ੍ਹਾਂ ਕੈਡਿਟਾਂ ਨੂੰ ਭਾਰਤੀ ਹਥਿਆਰਬੰਦ ਫੌਜਾਂ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਕੈਡਿਟਾਂ ਨੂੰ ਸੰਬੋਧਨ ਕਰਦਿਆਂ ਜਨਰਲ ਭਦੋਰੀਆ ਨੇ ਕਿਹਾ ਕਿ ਭਾਰਤੀ ਫੌਜ, ਦੇਸ਼ ਦੇ ਭਵਿੱਖ ਲਈ ਕੁਝ ਵੀ ਕਰਨ ਲਈ ਹਮੇਸ਼ਾ ਤਿਆਰ ਏ ।

ਕੈਂਪ ਕਮਾਂਡੈਂਟ, ਕਰਨਲ ਵਿਨੋਦ ਜੋਸ਼ੀ ਨੇ ਗਰੁੱਪ ਕਮਾਂਡਰ ਨੂੰ ਦਿੱਲੀ ਵਿਖੇ ਗਣਰਾਜ ਦਿਵਸ ਦੇ ਮੁਕਾਬਲਿਆਂ ਦੀਆਂ ਤਿਆਰੀਆਂ ਬਾਰੇ ਵੇਰਵੇ ਸਹਿਤ ਜਾਣਕਾਰੀ ਦਿੱਤੀ।

---------------------------------------------------------------

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਅੰਦਰ ਤੱਕ 24 ਅਕਤੂਬਰ ਤੋਂ 7 ਨਵੰਬਰ ਤੱਕ ਸਵੱਛਤਾ ਦੀ ਲਹਿਰ ਤਹਿਤ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਮੁਹਿੰਮ ਚਲਾਈ ਜਾ ਰਹੀ ਏ । ਇਸ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਓਜਸਵੀ ਅਲੰਕਾਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਸਕੂਲਾਂ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ NGOs ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਮੁਹਿੰਮ, ਜ਼ਿਲ੍ਹੇ ਵਿੱਚ ਲੋਕਾਂ ਵਿੱਚ ਸਫਾਈ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਚਲਾਈ ਜਾ ਰਹੀ ਏ। ਉਨ੍ਹਾਂ ਆਮ ਲੋਕਾਂ ਨੂੰ ਸਫਾਈ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ, ਆਪਣੇ ਘਰਾਂ ਦੀ ਅਤੇ ਆਪਣੇ ਆਲੇ ਦੁਆਲੇ ਦੀ ਸਫਾਈ ਰੱਖਣ, ਕੂੜੇ ਦਾ ਸਹੀ ਨਿਪਟਾਰਾ ਕਰਨ, ਚੁਗਿਰਦੇ ਨੂੰ ਦੂਸ਼ਿਤ ਹੋਣ ਤੋਂ

ਬਚਾਉਣ, ਅਤੇ ਰਹਿੰਦ ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ. ਉਨ੍ਹਾਂ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਇਸ ਸਫ਼ਾਈ ਪੰਦਰਵਾੜੇ ਵਿੱਚ ਵੱਧ ਚੜ ਕੇ ਹਿੱਸਾ ਲੈਣ.

-----------------------------------------------------

ਭਾਰਤ ਅਤੇ ਪਾਕਿਸਤਾਨ, ਸ੍ਰੀ ਕਰਤਾਰਪੁਰ ਸਾਹਿਬ ਲਾਂਘੇ 'ਤੇ ਸਮਝੌਤੇ ਦੀ ਵੈਧਤਾ ਨੂੰ ਪੰਜ ਸਾਲਾਂ ਲਈ ਹੋਰ ਵਧਾਉਣ ਲਈ ਸਹਿਮਤ ਹੋ ਗਏ ਨੇ. ਕਰਤਾਰਪੁਰ ਸਾਹਿਬ ਲਾਂਘੇ ਰਾਹੀਂ ਭਾਰਤ ਤੋਂ ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ, ਨਾਰੋਵਾਲ, ਪਾਕਿਸਤਾਨ ਦੇ ਸ਼ਰਧਾਲੂਆਂ ਦੀ ਯਾਤਰਾ ਦੀ ਸਹੂਲਤ ਲਈ 24 ਅਕਤੂਬਰ 2019 ਨੂੰ ਸਮਝੌਤੇ 'ਤੇ ਦਸਤਖਤ ਕੀਤੇ ਗਏ ਸਨ ਅਤੇ ਇਹ ਪੰਜ ਸਾਲਾਂ ਦੀ ਮਿਆਦ ਲਈ ਵੈਧ ਸੀ। ਵਿਦੇਸ਼ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਇਸ ਸਮਝੌਤੇ ਦੀ ਵੈਧਤਾ ਨੂੰ ਵਧਾਉਣ ਨਾਲ ਪਾਕਿਸਤਾਨ ਵਿੱਚ ਪਵਿੱਤਰ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਭਾਰਤ ਤੋਂ ਸ਼ਰਧਾਲੂਆਂ ਵੱਲੋਂ ਵਰਤਣ ਲਈ ਲਾਂਘੇ ਦੇ ਨਿਰਵਿਘਨ ਸੰਚਾਲਨ ਨੂੰ ਯਕੀਨੀ ਬਣਾਇਆ ਜਾਵੇਗਾ।

ਪਾਕਿਸਤਾਨ ਵੱਲੋਂ ਹਰ ਸ਼ਰਧਾਲੂ ਵੱਲੋਂ ਹਰ ਵਾਰ ਆਉਣ ‘ਤੇ ਲਏ ਜਾਣ ਵਾਲੇ , 20 ਡਾਲਰ ਦੇ, ਸਰਵਿਸ ਚਾਰਜ ਨੂੰ ਹਟਾਉਣ ਸੰਬੰਧੀ ਸ਼ਰਧਾਲੂਆਂ ਦੀਆਂ ਲਗਾਤਾਰ ਬੇਨਤੀਆਂ ਦੇ ਮੱਦੇਨਜ਼ਰ, ਭਾਰਤ ਨੇ ਇੱਕ ਵਾਰ ਫਿਰ ਪਾਕਿਸਤਾਨ ਨੂੰ ਸ਼ਰਧਾਲੂਆਂ 'ਤੇ ਕੋਈ ਫੀਸ ਜਾਂ ਚਾਰਜ ਨਾ ਲਗਾਉਣ ਦੀ ਅਪੀਲ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿਦੇਸ਼ ਮੰਤਰੀ ਡਾਕਟਰ ਐਸ ਜੈਸ਼ੰਕਰ ਨੇ ਕਿਹਾ ਏ ਕਿ ਨਰੇਂਦਰ ਮੋਦੀ ਸਰਕਾਰ, ਦੇਸ਼ ਦੇ ਸਿੱਖ ਭਾਈਚਾਰੇ ਨੂੰ ਉਨ੍ਹਾਂ ਦੇ ਪਵਿੱਤਰ ਸਥਾਨਾਂ ਤੱਕ ਪਹੁੰਚ ਦੀ ਸਹੂਲਤ ਜਾਰੀ ਰੱਖੇਗੀ। ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਰਤਾਰਪੁਰ ਸਾਹਿਬ ਲਾਂਘੇ ਦੇ ਸਮਝੋਤੇ ਨੂੰ ਪੰਜ ਸਾਲ ਹੋਰ ਵਾਧਾ ਦੇਣ ਤੇ ਦੋਵਾ ਦੇਸ਼ਾਂ ਦੀਆਂ ਸਰਕਾਰਾਂ ਦੇ ਇਸ ਫ਼ੈਸਲੇ ਦਾ ਸੁਆਗਤ ਕੀਤਾ ਏ .

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਆਪਣੇ ਰੇਡੀਓ ਪ੍ਰੋਗ੍ਰਾਮ, ਮਨ ਕੀ ਬਾਤ ਦੇ 115ਵੇਂ ਐਪੀਸੋਡ ‘ਚ ਇਸ ਮਹੀਨੇ ਦੀ 27 ਤਰੀਕ ਨੂੰ ਸਵੇਰੇ 11 ਵਜੇ ਦੇਸ਼ ਵਿਦੇਸ਼ 'ਚ ਲੋਕਾਂ ਨੂੰ ਸੰਬੋਧਨ

ਕਰਨਗੇ। ਪ੍ਰਧਾਨ ਮੰਤਰੀ ਵੱਲੋਂ ਇਸ ਪ੍ਰੋਗ੍ਰਾਮ ਵਿਚ ਸ਼ਾਮਿਲ ਕੀਤੇ ਜਾਣ ਲਈ ਵਿਸ਼ਿਆਂ ਜਾਂ ਮੁੱਦਿਆਂ ਬਾਰੇ ਤੁਸੀਂ ਆਪਣੇ ਸੁਝਾਅ ਦੇ ਸਕਦੇ ਹੋ . ਸੁਝਾਵਾਂ ਨੂੰ MY GOV ਓਪਨ ਫੋਰਮ ‘ਤੇ ਸਾਂਝਾ ਕੀਤਾ ਜਾ ਸਕਦਾ ਏ . ਵਿਕਲਪਕ ਤੌਰ 'ਤੇ, ਤੁਸੀਂ ਟੋਲ-ਫ੍ਰੀ ਨੰਬਰ 1800-11-7800 'ਤੇ ਵੀ ਡਾਇਲ ਕਰ ਸਕਦੇ ਹੋ ਅਤੇ ਪ੍ਰਧਾਨ ਮੰਤਰੀ ਲਈ ਆਪਣਾ ਸੰਦੇਸ਼ ਹਿੰਦੀ ਜਾਂ ਅੰਗਰੇਜ਼ੀ ਵਿੱਚ ਰਿਕਾਰਡ ਕਰ ਸਕਦੇ ਹੋ। ਕੁਝ ਰਿਕਾਰਡ ਕੀਤੇ ਸੁਨੇਹੇ ਪ੍ਰਸਾਰਣ ਦਾ ਹਿੱਸਾ ਬਣ ਸਕਦੇ ਨੇ। ਸੁਝਾਅ ਇਸ ਮਹੀਨੇ ਦੀ 25 ਤਰੀਕ ਤੱਕ ਸਵੀਕਾਰ ਕੀਤੇ ਜਾਣਗੇ। 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ ਯੂ ਟਯੂਬ ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ। ਆਕਾਸ਼ਵਾਣੀ ,ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

-----------------------------------------------------------------

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ,ਅਮਿਤ ਸ਼ਾਹ ਨੇ ਕਿਹਾ ਏ ਕਿ ਪ੍ਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤਸਰਕਾਰ, ਸਰਦਾਰ ਪਟੇਲ ਦੇ ਮਹਾਨ ਯੋਗਦਾਨ ਲਈ ਸਤਿਕਾਰ ਵੱਜੋਂ ਓਹਨਾਂ ਦੀ ਦੀ 150ਵੀਂ ਜਨਮਵਰ੍ਹੇਗੰਢ ਨੂੰ 2024 ਤੋਂ 2026, ਤੱਕ ਦੋ ਸਾਲਾਂ ਲ ਈ, ਦੇਸ਼ ਵਿਆਪੀ ਜਸ਼ਨ ਵਜੋਂ ਮਨਾਏਗੀ। ਇੱਕ ਸੋਸ਼ਲ ਮੀਡਿਆ ਪੋਸਟ 'ਚ ਇਸ ਫੈਸਲੇ ਦਾ ਐਲਾਨ ਕਰਦੇ ਹੋਏ ਓਹਨਾਂ ਕਿਹਾ ਕਿ ਭਾਰਤ ਦੇ ਏਕੀਕਰਣ ‘ਚ ਸਰਦਾਰ ਪਟੇਲ ਦੀ ਅਹਿਮ ਭੂਮਿਕਾ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ. ਸ਼੍ਰੀ ਸ਼ਾਹ ਨੇ ਕਿਹਾ ਕਿ ਇਹ ਸਮਾਰੋਹ ਸਰਦਾਰ ਪਟੇਲ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਗਵਾਹ ਅਤੇ ਏਕਤਾ ਦੀ ਭਾਵਨਾ ਦਾ ਪ੍ਰਤੀਕ ਹੋਵੇਗਾ ।

-----------------------------------------------------------------

ਦੇਸ਼ ਵਿੱਚ ਮੌਸਮ ਦੀ ਪੇਸ਼ੀਨਗੋਈ ਹੁਣ ਗ੍ਰਾਮ ਪੰਚਾਇਤ ਪੱਧਰ 'ਤੇ ਉਪਲਬਧ ਹੋਵੇਗੀ । ਸਰਕਾਰ ਗ੍ਰਾਮ ਪੰਚਾਇਤਾਂ ਨੂੰ ਮੌਸਮ ਦੀ ਭਵਿੱਖਬਾਣੀ ਦੇ ਨਾਲ-ਨਾਲ ਘੰਟੇ ਦੇ ਹਿਸਾਬ ਨਾਲ ਮੌਸਮ ਦੀ ਪੇਸ਼ੀਨਗੋਈ ਦੀ ਜਾਂਚ ਕਰਨ ਦੀ ਸਹੂਲਤ ਪ੍ਰਦਾਨ ਕਰਨ ਲਈ ਭਲਕੇ ਤੋਂ ਇੱਕ ਇਤਿਹਾਸਕ ਅਤੇ ਤਬਦੀਲੀ ਲਿਆਉਣ ਵਾਲੀ

ਪਹਿਲਕਦਮੀ ਸ਼ੁਰੂ ਕਰਨ ਜਾ ਰਹੀ ਏ । ਪੰਚਾਇਤੀ ਰਾਜ ਮੰਤਰੀ ਰਾਜੀਵ ਰੰਜਨ ਸਿੰਘ ਨਵੀਂ ਦਿੱਲੀ ਵਿੱਚ ਇਸ ਪਹਿਲ ਦੀ ਸ਼ੁਰੂਆਤ ਕਰਨਗੇ। ਇਹ ਪਹਿਲੀ ਵਾਰ ਹੋਵੇਗਾ ਜਦੋਂ ਸਥਾਨਕ ਮੌਸਮ ਦੀ ਪੇਸ਼ੀਨਗੋਈ ਗ੍ਰਾਮ ਪੰਚਾਇਤ ਪੱਧਰ 'ਤੇ ਉਪਲਬਧ ਹੋਵੇਗੀ। ਪੇਸ਼ੀਨਗੋਈਆਂ ਦਾ ਪ੍ਰਸਾਰ ਪੰਚਾਇਤੀ ਰਾਜ ਮੰਤਰਾਲੇ ਦੇ ਡਿਜੀਟਲ ਪਲੇਟਫਾਰਮਾਂ- **e-GramSwaraj, Meri Panchayat app and Gram Man-chitra.** ਰਾਹੀਂ ਕੀਤਾ ਜਾਵੇਗਾ ।

ਇਸ ਪਹਿਲਕਦਮੀ ਦਾ ਉਦੇਸ਼ ਪੇਂਡੂ ਭਾਈਚਾਰਿਆਂ ਨੂੰ ਮਜ਼ਬੂਤ ਬਣਾਉਣਾ ਅਤੇ ਜ਼ਮੀਨੀ ਪੱਧਰ 'ਤੇ ਆਫ਼ਤ ਦੀ ਤਿਆਰੀ ਨੂੰ ਵਧਾਉਣਾ ਏ । ਇਸ ਦਾ ਸਿੱਧਾ ਲਾਭ ਦੇਸ਼ ਭਰ ਦੇ ਕਿਸਾਨਾਂ ਅਤੇ ਪਿੰਡ ਵਾਸੀਆਂ ਨੂੰ ਹੋਵੇਗਾ । ਕੇਂਦਰ ਸਰਕਾਰ ਭਲਕੇ ਇੱਕ ਸਿਖਲਾਈ ਵਰਕਸ਼ਾਪ ਵੀ ਕਰਾਏਗੀ ਜਿਸ ਵਿੱਚ ਪੰਚਾਇਤੀ ਰਾਜ ਸੰਸਥਾਵਾਂ ਦੇ ਚੁਣੇ ਹੋਏ ਨੁਮਾਇੰਦਿਆਂ ਸਮੇਤ 200 ਤੋਂ ਵੱਧ ਹਿਸਸੇਦਾਰ ਸ਼ਮੂਲੀਅਤ ਕਰਨਗੇ ਅਤੇ ਐਪਸ ਅਤੇ ਟੂਲਸ ਦੇ ਸੰਚਾਲਨ ਬਾਰੇ ਸਿੱਖਣਗੇ ।

---

- ਸੁਪ੍ਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂਵੱਲੋਂ ਪਰਾਲੀ ਸਾੜਨ ਵਾਲੇ ਲੋਕਾਂ ਵਿਰੁੱਧ ਕੋਈ ਕਾਰਵਾਈ ਨਾ ਕਰਨ ਦਾ ਸਖ਼ਤ ਨੋਟਿਸ ਲਿਆ ਏ।
- ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਝੋਨੇ ਦੀ ਪਰਾਲੀ ਖੇਤਾਂ ਵਿਚ ਰਲਾਉਣ ਦੀ ਕੀਤੀ ਅਪੀਲ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੁੜੀਆਂ ਦੀ ਮਿਆਰੀ ਸਿੱਖਿਆ ਅਤੇ ਸੁਰੱਖਿਆ ’ਤੇ ਜ਼ੋਰ ਦਿੱਤਾ ਏ.
- ਫਰੀਦਕੋਟ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਲਕੇ 24 ਅਕਤੂਬਰ ਤੋਂ 7 ਨਵੰਬਰ ਤੱਕ ਸਵੱਛਤਾ ਦੀ ਲਹਿਰ ਤਹਿਤ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਮੁਹਿੰਮ ਚਲਾਈ ਜਾਏਗੀ ।
- ਦੇਸ਼ ਵਿੱਚ ਮੌਸਮ ਦੀ ਪੇਸ਼ੀਨਗੋਈ ਹੁਣ ਗ੍ਰਾਮ ਪੰਚਾਇਤ ਪੱਧਰ 'ਤੇ ਉਪਲਬਧ ਹੋਵੇਗੀ।